


ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post




To view our online newspaper visit **punjabipost.ca/epaper** | **Vol 23* Issue 61** | **Tuesday, April 02, 2024** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਟਰੂਡੋ ਨੇ ਨੈਸ਼ਨਲ ਸਕੂਲ ਫੂਡ ਪ੍ਰੋਗਰਾਮ ਦਾ ਕੀਤਾ ਐਲਾਨ

ਟੋਰਾਂਟੋ, 1 ਅਪ੍ਰੈਲ (ਪੋਸਟ ਬਿਊਰੋ) : ਸੋਮਵਾਰ ਨੂੰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਇਹ ਐਲਾਨ ਕੀਤਾ ਕਿ ਇਸ ਫੈਡਰਲ ਬਜਟ ਵਿੱਚ ਨੈਸ਼ਨਲ ਸਕੂਲ ਫੂਡ ਪ੍ਰੋਗਰਾਮ ਲਈ ਫੰਡ ਵੀ ਰੱਖੇ ਜਾਣਗੇ ਜਿਨ੍ਹਾਂ ਰਾਹੀਂ ਦੇਸ਼ ਭਰ ਵਿੱਚ ਹਰ ਸਾਲ 400,000 ਵੱਧ ਬੱਚਿਆਂ ਨੂੰ ਖਾਣਾ ਮੁਹੱਈਆ ਕਰਵਾਇਆ ਜਾ ਸਕੇਗਾ।



ਟਰੂਡੋ ਵੱਲੋਂ ਇਹ ਐਲਾਨ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਤੇ ਫੈਮਿਲੀਜ਼ ਮੰਤਰੀ ਜੈਨਾ ਸੱਡਜ਼ ਦੀ ਹਾਜ਼ਰੀ ਵਿੱਚ ਟੋਰਾਂਟੋ ਵਿੱਚ ਬਜਟ ਤੋਂ ਪਹਿਲਾਂ ਵਾਲੇ ਲਿਬਰਲ ਸਰਕਾਰ ਦੇ ਟੂਰ ਵਿੱਚ ਕੀਤਾ ਗਿਆ। ਇਸ ਨੈਸ਼ਨਲ ਫੂਡ ਪ੍ਰੋਗਰਾਮ ਉੱਤੇ ਅਗਲੇ ਪੰਜ ਸਾਲਾਂ ਵਿੱਚ ਫੈਡਰਲ ਸਰਕਾਰ ਵੱਲੋਂ ਇੱਕ ਬਿਲੀਅਨ ਡਾਲਰ ਤੋਂ ਵੱਧ ਖਰਚੇ ਜਾਣਗੇ। ਹਾਲਾਂਕਿ ਸਿੱਖਿਆ ਫੈਡਰਲ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੀ ਪਰ ਨੈਸ਼ਨਲ ਪ੍ਰੋਗਰਾਮ ਰਾਹੀਂ ਓਟਵਾ, ਪ੍ਰੋਵਿੰਸਾਂ ਤੇ ਟੈਰੇਟਰੀਜ਼ ਨਾਲ ਭਾਈਵਾਲੀ ਕਰ ਸਕਦਾ ਹੈ। ਇਨ੍ਹਾਂ ਵਿੱਚੋਂ ਕਈ ਪਹਿਲਾਂ ਹੀ ਕਮਿਊਨਿਟੀ ਗਰੁੱਪਜ਼ ਨਾਲ ਰਲ ਕੇ ਕੰਮ ਕਰ ਰਹੇ ਹਨ।

ਲਿਬਰਲ ਸਰਕਾਰ ਵੱਲੋਂ ਇਸ ਤਰ੍ਹਾਂ ਦਾ ਪ੍ਰੋਗਰਾਮ ਲੈ ਕੇ ਆਉਣ ਦਾ ਲੰਮੇਂ ਸਮੇਂ ਤੋਂ ਵਾਅਦਾ ਕੀਤਾ ਹੋਇਆ ਸੀ ਤੇ ਟਰੂਡੋ ਨੇ 2021 ਦੀਆਂ ਚੋਣਾਂ ਵੀ ਇਸੇ ਤਹੱਈਏ ਨਾਲ ਲੜੀਆਂ ਗਈਆਂ ਸਨ। ਇਸ ਤੋਂ ਇਲਾਵਾ ਐਨਡੀਪੀ ਵੱਲੋਂ ਵੀ ਲਿਬਰਲ ਸਰਕਾਰ ਉੱਤੇ ਆਪਣੇ ਇਸ ਵਾਅਦੇ ਨੂੰ ਬਜਟ ਤੋਂ ਪਹਿਲਾਂ ਪੂਰਾ ਕਰਨ ਲਈ ਦਬਾਅ ਪਾਇਆ ਜਾ ਰਿਹਾ ਸੀ। ਫਰੀਲੈਂਡ ਵੱਲੋਂ 16 ਅਪਰੈਲ ਨੂੰ ਬਜਟ ਪੇਸ਼ ਕੀਤਾ ਜਾਵੇਗਾ।

## ਟੈਕ-ਐੱਡ ਕਲਾਸਾਂ ਲੈਣ ਲਈ ਤਕਨਾਲੋਜੀ ਨਾਲ ਵਾਹ ਵਾਸਤਾ ਨਾ ਰੱਖਣ ਵਾਲੇ ਅਧਿਆਪਕਾਂ ਉੱਤੇ ਪਾਇਆ ਜਾਵੇਗਾ ਦਬਾਅ !

ਓਨਟਾਰੀਓ, 1 ਅਪ੍ਰੈਲ (ਪੋਸਟ ਬਿਊਰੋ) : ਅਗਲੇ ਸਕੂਲ ਵਰ੍ਹੇ ਤੋਂ ਓਨਟਾਰੀਓ ਕੁੱਝ ਅਜਿਹੇ ਅਧਿਆਪਕਾ ਨੂੰ ਟੈਕ ਕੋਰਸ ਕਰਵਾਉਣ ਦੀ ਇਜਾਜ਼ਤ ਦੇਣ ਦਾ ਪ੍ਰਸਤਾਵ ਲਿਆਇਆ ਹੈ ਜਿਨ੍ਹਾਂ ਕੋਲ ਟੈਕਨੋਲੌਜੀਕਲ ਕੋਰਸ ਕਰਵਾਉਣ ਦਾ ਕੋਈ ਤਜਰਬਾ ਨਹੀਂ ਹੈ ਤੇ ਨਾ ਹੀ ਉਨ੍ਹਾਂ ਉਹ ਪੜ੍ਹਾਈ ਹੀ ਕੀਤੀ ਹੋਈ ਹੈ। ਅਧਿਆਪਕਾਂ ਤੇ ਪ੍ਰਿੰਸੀਪਲਜ਼ ਦਾ ਕਹਿਣਾ ਹੈ ਕਿ ਇਸ ਤੋਂ ਪਤਾ ਲੱਗਦਾ ਹੈ ਕਿ ਅਜਿਹੀਆਂ ਕਲਾਸਾਂ ਲਈ ਪ੍ਰੋਵਿੰਸ ਕੋਲ ਕੋਈ ਤਿਆਰੀ ਨਹੀਂ ਹੈ।



ਪਿਛਲੇ ਸਾਲ ਸਿੱਖਿਆ ਮੰਤਰੀ ਸਟੀਫਨ ਲਿਚੇ ਨੇ ਇਹ ਐਲਾਨ ਕੀਤਾ ਸੀ ਕਿ ਸਤੰਬਰ 2024 ਦੀ ਸ਼ੁਰੂਆਤ ਵਿੱਚ ਹਾਈ ਸਕੂਲ ਵਿਦਿਆਰਥੀਆਂ ਨੂੰ 9ਵੀਂ ਤੇ 10ਵੀਂ ਕਲਾਸਾਂ ਵਿੱਚ ਤਕਨਾਲੋਜੀ ਤੇ ਸਕਿੱਲਡ ਟਰੇਡਜ਼ ਵਿੱਚ ਕੋਰਸ ਕਰਨੇ ਪੈਣਗੇ। ਪਰ ਹੁਣ ਸਰਕਾਰ ਇਸ ਬਦਲ ਉੱਤੇ ਕੰਮ ਕਰ ਰਹੀ ਹੈ ਕਿ ਇਸ ਪੜ੍ਹਾਈ ਲਈ ਉਨ੍ਹਾਂ ਅਧਿਆਪਕਾਂ ਦੀ ਹੀ ਜ਼ਿੰਮੇਵਾਰੀ ਪ੍ਰਿੰਸੀਪਲ ਲਾ ਦੇਣ ਜਿਹੜੇ ਜਨਰਲ ਐਜੂਕੇਸ਼ਨ ਵਿੱਚ ਯੋਗਤਾ ਰੱਖਦੇ ਹਨ।

ਓਨਟਾਰੀਓ ਪ੍ਰਿੰਸੀਪਲਜ਼ ਕਾਊਂਸਲ ਪ੍ਰੈਜ਼ੀਡੈਂਟ ਰਾਲਫ ਨਿਗਰੋ ਨੇ ਆਖਿਆ ਕਿ ਤਕਨਾਲੋਜੀ ਵਿੱਚ ਮੁਹਾਰਤ ਰੱਖਣ ਵਾਲੇ ਅਧਿਆਪਕਾਂ ਦੀ ਜੇ ਗੱਲ ਛੱਡ ਵੀ ਦੇਈਏ ਤਾਂ ਵੀ ਪਹਿਲਾਂ ਹੀ ਅਧਿਆਪਕਾਂ ਦੀ ਘਾਟ ਚੱਲ ਰਹੀ ਹੈ। ਉਨ੍ਹਾਂ ਆਖਿਆ ਕਿ ਅਸੀਂ ਅਜਿਹੇ ਕੋਰਸਾਂ ਦੀ ਸ਼ੁਰੂਆਤ ਨੂੰ ਲੈ ਕੇ ਕਾਫੀ ਉਤਸ਼ਾਹਿਤ ਹੁੰਦੇ ਹਾਂ ਤੇ ਇਨ੍ਹਾਂ ਦਾ ਸਮਰਥਨ ਵੀ ਕਰਦੇ ਹਾਂ ਪਰ ਇਨ੍ਹਾਂ ਕੋਰਸਾਂ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਪੂਰੀ ਤਿਆਰੀ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਆਖਿਆ ਕਿ ਇਸ ਮਾਮਲੇ ਵਿੱਚ ਉਨ੍ਹਾਂ ਕੋਲ ਵੀ ਬਦਲ ਬਹੁਤ ਘੱਟ ਹੋਣਗੇ ਤੇ ਅਧਿਆਪਕ ਵੀ ਅਜਿਹੇ ਕੋਰਸ ਕਰਵਾਉਣ ਲਈ ਤਿਆਰ ਨਹੀਂ ਹੋਣਗੇ ਜਿਨ੍ਹਾਂ ਵਿੱਚ ਉਨ੍ਹਾਂ ਨੂੰ ਕੋਈ ਤਜਰਬਾ ਹੀ ਨਹੀਂ ਹੈ।

## ਘਰ ਵਿੱਚ ਲੱਗੀ ਅੱਗ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ

ਮਾਰਖਮ, 1 ਅਪ੍ਰੈਲ (ਪੋਸਟ ਬਿਊਰੋ) : ਸੋਮਵਾਰ ਦੁਪਹਿਰ ਨੂੰ ਮਾਰਖਮ ਦੇ ਇੱਕ ਘਰ ਵਿੱਚ ਲੱਗੀ ਅੱਗ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।



ਘਰ ਨੂੰ ਅੱਗ ਲੱਗੀ ਵੇਖ ਕੇ ਯੌਰਕ ਪੁਲਿਸ ਨੂੰ ਸਟੀਲਜ਼ ਐਵਨਿਊ ਦੇ ਉੱਤਰ ਵੱਲ ਰੀਜ਼ਰ ਰੋਡ ਉੱਤੇ ਸਥਿਤ ਘਰ ਵਿੱਚ ਦੁਪਹਿਰੇ 3:00 ਵਜੇ ਸੱਦਿਆ ਗਿਆ। ਅੱਗ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ ਤੇ ਘਰ ਵਿੱਚੋਂ ਇੱਕ ਬਾਲਗ ਪੁਰਸ਼ ਦੀ ਲਾਸ਼ ਵੀ ਮਿਲੀ। ਦੋ ਹੋਰ ਬਾਲਗ ਖੁਦ ਨੂੰ ਬਿਨਾਂ ਨੁਕਸਾਨ ਦੇ ਇੱਥੋਂ ਬਚਾਉਣ ਵਿੱਚ ਕਾਮਯਾਬ ਹੋ ਗਏ। ਓਨਟਾਰੀਓ ਫਾਇਰ ਮਾਰਸ਼ਲ ਨੂੰ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਉਣ ਲਈ ਸੱਦਿਆ ਗਿਆ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।

ਵਾਇਆਰਪੀ ਦੇ ਸਾਰਜੈਂਟ ਐਂਡੀ ਪੈਟੈਂਡਨ ਨੇ ਦੱਸਿਆ ਕਿ ਸਾਡੀ ਜਾਂਚ ਵੀ ਫਾਇਰ ਮਾਰਸ਼ਲ ਦੇ ਨਾਲ ਨਾਲ ਚੱਲ ਰਹੀ ਹੈ ਤੇ ਅਸੀਂ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਕਿ ਕੋਈ ਇਸ ਮਾਮਲੇ ਵਿੱਚ ਮੁਜਰਮਾਨਾਂ ਢੰਗ ਨਾਲ ਤਾਂ ਸ਼ਾਮਲ ਨਹੀਂ ਹੈ।





















## ਅੱਜ ਨਾਮਾ

ਲੱਗੀ ਚੱਲਣ ਫਲਾਈਟ ਹੈ ਆਦਮਪੁਰ ਤੋਂ,
ਚੱਲਦੀ ਰਹੀ ਤਾਂ ਸਮਝ ਲਉ ਠੀਕ ਮੀਆਂ।
ਕੋਵਿਡ ਵਕਤ ਇਹ ਗਈ ਸੀ ਬੰਦ ਕੀਤੀ,
ਉਦੋਂ ਦੀ ਹੁੰਦੀ ਬੱਸ ਰਹੀ ਉਡੀਕ ਮੀਆਂ।
ਸੁਣਿਆ ਕਈ ਵਾਰੀ ਕਿ ਛੇਤੀ ਚੱਲ ਪੈਣੀ,
ਪਤਾ ਨਹੀਂ ਰੋਕੀ ਸੀ ਕਿਨ ਸ਼ਰੀਕ ਮੀਆਂ।
ਆਦਮਪੁਰ ਦੀ ਬਣਦੀ ਨਹੀਂ ਸੜਕ ਹਾਲੇ,
ਉਸ ਦਾ ਸਿਰਾ ਨਾ ਹਾਲੇ ਨਜ਼ਦੀਕ ਮੀਆਂ।
ਜਿਨ੍ਹਾਂ ਨੇ ਜਾਣਾ ਈ ਫੜਨ ਫਲਾਈਟ ਚੱਲੀ,
ਔਕੜ ਬੜੀ ਬੱਸ ਉਨ੍ਹਾਂ ਲਈ ਹੋਊ ਮੀਆਂ।
ਖੱਡਿਆਂ ਕਾਰਨ ਨਾ ਸਕੇਗਾ ਪਹੁੰਚ ਜਿਹੜਾ,
ਵੇਖ ਕੇ ਟਿਕਟ ਦੇ ਵੱਲ ਪਿਆ ਰੋਊ ਮੀਆਂ।

ਤੀਸ ਮਾਰ ਖਾਂ

# ਤਿਹਾੜ ਜੇਲ੍ਹ ਭੇਜੇ ਕੇਜਰੀਵਾਲ, ਬੈਰਕ ’ਚ ਇਕੱਲੇ ਰਹਿਣਗੇ 15 ਅਪ੍ਰੈਲ ਤੱਕ



ਨਵੀਂ ਦਿੱਲੀ, 1 ਅਪ੍ਰੈਲ (ਪੋਸਟ ਬਿਊਰੋ): ਸੋਮਵਾਰ ਨੂੰ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਦਿੱਲੀ ਸ਼ਰਾਬ ਆਬਕਾਰੀ ਨੀਤੀ ਮਾਮਲੇ ਵਿਚ 15 ਅਪ੍ਰੈਲ ਤੱਕ ਤਿਹਾੜ ਜੇਲ੍ਹ ਭੇਜ ਦਿੱਤਾ ਗਿਆ ਸੀ। ਉਹ ਜੇਲ੍ਹ ਨੰਬਰ 2 ਵਿਚ ਇਕੱਲੇ ਰਹਿਣਗੇ। 21 ਮਾਰਚ ਤੋਂ ਜੇਲ੍ਹ ਵਿੱਚ ਬੰਦ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ ਸਬੰਧਤ ਦੋ ਕੇਸਾਂ ਦੀ ਸੁਣਵਾਈ ਰਾਊਜ਼ ਐਵੇਨਿਊ ਕੋਰਟ ਅਤੇ ਦਿੱਲੀ ਹਾਈਕੋਰਟ ਵਿੱਚ ਹੋਈ।

ਕੇਜਰੀਵਾਲ ਨੇ ਜੇਲ੍ਹ ਪ੍ਰਸ਼ਾਸਨ ਨੂੰ 6 ਲੋਕਾਂ ਦੀ ਸੂਚੀ ਦਿੱਤੀ ਹੈ ਜੋ ਕਾਨੂੰਨ ਤਹਿਤ ਉਨ੍ਹਾਂ ਨਾਲ ਮੁਲਾਕਾਤ ਕਰ ਸਕਦੇ ਹਨ। ਇਸ ਸੂਚੀ 'ਚ ਉਨ੍ਹਾਂ ਦੀ ਪਤਨੀ ਸੁਨੀਤਾ ਕੇਜਰੀਵਾਲ, ਬੇਟੇ ਪੁਲਕਿਤ-ਧੀ ਹਰਸ਼ਿਤਾ, ਨਿੱਜੀ ਸਕੱਤਰ ਵਿਭਵ ਕੁਮਾਰ, 'ਆਪ' ਦੇ ਜਨਰਲ ਸਕੱਤਰ ਸੰਦੀਪ ਪਾਠਕ ਅਤੇ ਇਕ ਦੋਸਤ ਦੇ ਨਾਂ ਸ਼ਾਮਿਲ ਹਨ।

ਇਸ ਤੋਂ ਪਹਿਲਾਂ ਰਾਊਜ਼ ਐਵੇਨਿਊ ਕੋਰਟ 'ਚ ਈਡੀ ਨੇ ਦਾਅਵਾ ਕੀਤਾ ਕਿ ਕੇਜਰੀਵਾਲ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਵਿਜੇ ਨਾਇਰ ਆਤਿਸ਼ੀ ਅਤੇ ਸੌਰਭ ਭਾਰਦਵਾਜ ਨੂੰ ਰਿਪੋਰਟ ਕਰਦੇ ਸਨ। ਈਡੀ ਨੇ ਕਿਹਾ ਕਿ ਕੇਜਰੀਵਾਲ ਸਾਡੇ ਨਾਲ ਸਹਿਯੋਗ ਨਹੀਂ ਕਰ ਰਹੇ ਹਨ। ਉਹ ਸਾਨੂੰ ਗੁੰਮਰਾਹ ਕਰ ਰਹੇ ਹਨ। ਇਸ 'ਤੇ ਅਦਾਲਤ ਨੇ ਪੁੱਛਿਆ ਕਿ ਨਿਆਂਇਕ ਹਿਰਾਸਤ ਲਈ ਇਹ ਦਲੀਲਾਂ ਕਿੰਨੀਆਂ ਜਾਇਜ਼ ਹਨ?

ਏਐੱਸਜੀ ਰਾਜੂ ਨੇ ਕਿਹਾ ਕਿ ਕੇਜਰੀਵਾਲ ਆਪਣੇ ਫ਼ੋਨ ਦਾ ਪਾਸਵਰਡ ਸਾਂਝਾ ਨਹੀਂ ਕਰ ਰਹੇ ਹਨ। ਅਸੀਂ ਬਾਅਦ ਵਿੱਚ ਉਨ੍ਹਾਂ ਦੀ ਈਡੀ ਦੀ ਹਿਰਾਸਤ ਦੀ ਮੰਗ ਕਰਾਂਗੇ। ਇਹ ਸਾਡਾ ਹੱਕ ਹੈ। ਇਸ ਤੋਂ ਬਾਅਦ ਅਦਾਲਤ ਨੇ ਅਰਵਿੰਦ ਕੇਜਰੀਵਾਲ ਨੂੰ 15 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ।

# ਇਜ਼ਰਾਈਲ ’ਚ ਲੋਕ ਪ੍ਰਧਾਨ ਮੰਤਰੀ ਨੇਤਨਯਾਹੂ ਖਿਲਾਫ ਸੜਕਾਂ ’ਤੇ ਉਤਰੇ, ਸਰਕਾਰ ਵਿਰੋਧੀ ਸਭ ਤੋਂ ਵੱਡਾ ਪ੍ਰਦਰਸ਼ਨ



ਯੇਰੂਸ਼ਲਮ, 1 ਅਪ੍ਰੈਲ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਾਲੇ ਚੱਲ ਰਹੀ ਜੰਗ ਦਰਮਿਆਨ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਆਪਣੇ ਹੀ ਦੇਸ਼ ਵਿੱਚ ਘਿਰੇ ਨਜ਼ਰ ਆ ਰਹੇ ਹਨ। ਨੇਤਨਯਾਹੂ ਖਿਲਾਫ ਲੋਕਾਂ 'ਚ ਗੁੱਸਾ ਵੀ ਦੇਖਿਆ ਜਾ ਰਿਹਾ ਹੈ। ਹਮਾਸ ਵਿਰੁੱਧ ਪਿਛਲੇ ਸਾਲ ਅਕਤੂਬਰ 'ਚ ਸ਼ੁਰੂ ਹੋਈ ਜੰਗ ਤੋਂ ਬਾਅਦ ਸਭ ਤੋਂ ਵੱਡੇ ਸਰਕਾਰ ਵਿਰੋਧੀ ਪ੍ਰਦਰਸ਼ਨ 'ਚ ਐਤਵਾਰ ਨੂੰ ਯੇਰੂਸ਼ਲਮ 'ਚ ਸੰਸਦ ਭਵਨ ਦੇ ਬਾਹਰ ਹਜ਼ਾਰਾਂ ਇਜ਼ਰਾਈਲੀ ਇਕੱਠੇ ਹੋਏ। ਪ੍ਰਦਰਸ਼ਨਕਾਰੀਆਂ ਨੇ ਸਰਕਾਰ ਨੂੰ ਗਾਜ਼ਾ ਵਿੱਚ ਹਮਾਸ ਦੁਆਰਾ ਬੰਧਕ ਬਣਾਏ ਦਰਜਨਾਂ ਲੋਕਾਂ ਨੂੰ ਰਿਹਾਅ ਕਰਨ ਅਤੇ ਨਿਰਧਾਰਤ ਸਮੇਂ ਤੋਂ ਪਹਿਲਾਂ ਚੋਣਾਂ ਕਰਵਾਉਣ ਲਈ ਇੱਕ ਸਮਝੌਤੇ 'ਤੇ ਪਹੁੰਚਣ ਦੀ ਅਪੀਲ ਕੀਤੀ।

ਇਹ ਵੀ ਧਿਆਨ ਦੇਣ ਯੋਗ ਹੈ ਕਿ ਲਗਭਗ ਛੇ ਮਹੀਨਿਆਂ ਤੋਂ ਚੱਲੀ ਆ ਰਹੀ ਜੰਗ ਨੂੰ ਲੈ ਕੇ ਇਜ਼ਰਾਈਲੀ ਸਮਾਜ ਵਿੱਚ ਮਤਭੇਦ ਸਾਹਮਣੇ ਆਉਣ ਲੱਗੇ ਹਨ। ਪਿਛਲੇ ਸਾਲ 7 ਅਕਤੂਬਰ ਨੂੰ ਸਰਹੱਦ ਪਾਰ ਤੋਂ ਆਏ ਹਮਾਸ ਦੇ ਅੱਤਵਾਦੀਆਂ ਨੇ ਹਮਲਾ ਕੀਤਾ ਸੀ। ਇਸ ਅੱਤਵਾਦੀ ਹਮਲੇ ਵਿਚ 1200 ਲੋਕ ਮਾਰੇ ਗਏ ਸਨ ਅਤੇ 250 ਲੋਕਾਂ ਨੂੰ ਬੰਧਕ ਬਣਾ ਲਿਆ ਗਿਆ ਸੀ। ਨਵੰਬਰ ਵਿੱਚ ਇੱਕ ਹਫ਼ਤੇ ਤੱਕ ਚੱਲੀ ਜੰਗਬੰਦੀ ਦੌਰਾਨ ਤਕਰੀਬਨ ਅੱਧੇ ਬੰਧਕਾਂ ਨੂੰ ਰਿਹਾਅ ਕੀਤਾ ਗਿਆ ਸੀ। ਅੱਤਵਾਦੀ ਹਮਲੇ ਤੋਂ ਬਾਅਦ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਹਮਾਸ ਨੂੰ ਖਤਮ ਕਰਨ ਅਤੇ ਸਾਰੇ ਬੰਧਕਾਂ ਨੂੰ ਘਰ ਵਾਪਿਸ ਕਰਨ ਦਾ ਵਾਅਦਾ ਕੀਤਾ ਹੈ। ਹਾਲਾਂਕਿ ਉਸ ਦਾ ਟੀਚਾ ਪੂਰਾ ਹੁੰਦਾ ਨਜ਼ਰ ਨਹੀਂ ਆ ਰਿਹਾ। ਜੰਗ ਵਿੱਚ ਹਮਾਸ ਨੂੰ ਕਾਫ਼ੀ ਨੁਕਸਾਨ ਹੋਇਆ ਹੈ, ਪਰ ਇਹ ਖਤਮ ਹੋਣ ਤੋਂ ਬਹੁਤ ਦੂਰ ਹੈ, ਜਦੋਂ ਕਿ ਬੰਧਕਾਂ ਦੇ ਪਰਿਵਾਰਾਂ ਨੂੰ ਲੱਗਦਾ ਹੈ ਕਿ ਸਮਾਂ ਖਤਮ ਹੋ ਰਿਹਾ ਹੈ।

# ਬਲੋਚਿਸਤਾਨ ’ਚ ਅਣਪਛਾਤੇ ਬੰਦੂਕਧਾਰੀਆਂ ਨੇ ਕੀਤੀ ਗੋਲੀਬਾਰੀ, ਦੋ ਪਾਕਿਸਤਾਨੀ ਫੌਜੀਆਂ ਦੀ ਮੌਤ



ਕਰਾਚੀ, 1 ਅਪ੍ਰੈਲ (ਪੋਸਟ ਬਿਊਰੋ): ਪਾਕਿਸਤਾਨ ਦੇ ਅਸ਼ਾਂਤ ਬਲੋਚਿਸਤਾਨ ਸੂਬੇ ਦੇ ਬੰਦਰਗਾਹ ਸ਼ਹਿਰ ਗਵਾਦਰ ਨੇੜੇ ਪਾਕਿਸਤਾਨੀ ਫ਼ੌਜ ਦੇ ਬੰਬ ਨਿਰੋਧਕ ਦਸਤੇ 'ਤੇ ਅਣਪਛਾਤੇ ਬੰਦੂਕਧਾਰੀਆਂ ਨੇ ਅੰਨ੍ਹੇਵਾਹ ਗੋਲੀਬਾਰੀ ਕੀਤੀ। ਇਸ ਗੋਲੀਬਾਰੀ 'ਚ ਦੋ ਪਾਕਿਸਤਾਨੀ ਫੌਜੀ ਮਾਰੇ ਗਏ ਅਤੇ ਚਾਰ ਹੋਰ ਜ਼ਖਮੀ ਹੋ ਗਏ। ਜਾਣਕਾਰੀ ਅਨੁਸਾਰ ਸੋਮਵਾਰ ਨੂੰ ਪਾਕਿਸਤਾਨੀ ਫੌਜ ਦੀ ਬੰਬ ਨਿਰੋਧਕ ਟੀਮ ਗਵਾਦਰ ਜ਼ਿਲ੍ਹੇ ਦੇ ਅੰਕਾਰਾ ਡੈਮ ਖੇਤਰ 'ਚ ਬਾਰੂਦੀ ਸੁਰੰਗਾਂ ਨੂੰ ਬੇਅਸਰ ਕਰਨ 'ਚ ਰੁੱਝੀ ਹੋਈ ਸੀ ਜਦੋਂਕਿ ਐਤਵਾਰ ਨੂੰ ਬੰਦੂਕਧਾਰੀਆਂ ਨੇ ਉਨ੍ਹਾਂ 'ਤੇ ਗੋਲੀਬਾਰੀ ਕਰ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇਸ ਹਮਲੇ 'ਚ ਦੋ ਸੁਰੱਖਿਆ ਕਰਮਚਾਰੀ ਮਾਰੇ ਗਏ ਅਤੇ ਚਾਰ ਹੋਰ ਜ਼ਖਮੀ ਹੋ ਗਏ।

ਗਵਾਦਰ ਦੇ ਸੀਨੀਅਰ ਸੁਪਰਡੈਂਟ ਆਫ ਪੁਲਿਸ (ਐਸਐਸਪੀ) ਮੋਹਸਿਨ ਜ਼ੋਹੇਬ ਨੇ ਕਿਹਾ ਕਿ ਗੋਲੀਬਾਰੀ ਦੀ ਘਟਨਾ ਬੰਦਰਗਾਹ ਸ਼ਹਿਰ (ਗਵਾਦਰ) ਤੋਂ ਲਗਭਗ 25 ਕਿਲੋਮੀਟਰ ਦੂਰ ਵਾਪਰੀ, ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਚਾਰ ਹੋਰ ਜ਼ਖਮੀ ਹੋ ਗਏ। ਉਨ੍ਹਾਂ ਦੱਸਿਆ ਕਿ ਘਟਨਾ ਤੋਂ ਬਾਅਦ ਜ਼ਖਮੀਆਂ ਨੂੰ ਨਜ਼ਦੀਕੀ ਹਸਪਤਾਲ ਭੇਜ ਦਿੱਤਾ ਗਿਆ ਹੈ। ਸੁਰੱਖਿਆ ਬਲਾਂ ਨੇ ਹਮਲਾਵਰਾਂ ਦੀ ਭਾਲ ਲਈ ਇਲਾਕੇ 'ਚ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਕਿਸੇ ਵੀ ਸਮੂਹ ਨੇ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ।

# ਵਿਜੀਲੈਂਸ ਕਰਮਚਾਰੀਆਂ ਦੇ ਨਾਮ ’ਤੇ 2,50,000 ਰੁਪਏ ਰਿਸ਼ਵਤ ਲੈਣ ਵਾਲੇ ਦੋ ਕਾਬੂ



ਚੰਡੀਗੜ੍ਹ, 1 ਅਪ੍ਰੈਲ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸੋਮਵਾਰ ਨੂੰ ਵਿਜੀਲੈਂਸ ਦੇ ਕਰਮਚਾਰੀਆਂ ਦੇ ਨਾਮ ਉਪਰ 2,50,000 ਰੁਪਏ ਰਿਸ਼ਵਤ ਲੈਣ ਵਾਲੇ ਦੋ ਆਮ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਵਿਅਕਤੀਆਂ ਦੀ ਪਛਾਣ ਪਰਮਜੀਤ ਸਿੰਘ ਉਰਫ਼ ਪੰਮਾ ਵਾਸੀ ਪਿੰਡ ਡਰੋਲੀ ਜ਼ਿਲ੍ਹਾ ਪਟਿਆਲਾ ਅਤੇ ਸਾਹਿਲ ਗੋਇਲ ਵਾਸੀ ਪਟਿਆਲਾ ਵਜੋਂ ਹੋਈ ਹੈ। ਉਕਤ ਮੁਲਜ਼ਮਾਂ ਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡ ਅਰਨੇਟੂ ਦੇ ਵਸਨੀਕ ਜਗਸੀਰ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ’ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਅਧਾਰ ’ਤੇ ਕਾਬੂ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਦੋਵੇਂ ਮੁਲਜ਼ਮਾਂ ਨੇ ਸ਼ਿਕਾਇਤਕਰਤਾ ਦੀ ਮਾਤਾ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਕੀਤੀ ਕਥਿਤ ਧਾਂਦਲੀ ਦੇ ਦੋਸ਼ਾਂ ਸਬੰਧੀ ਚੱਲ ਰਹੀ ਜਾਂਚ ਵਿੱਚ ਵਿਜੀਲੈਂਸ ਬਿਊਰੋ ਦੇ ਕਰਮਚਾਰੀਆਂ ਰਾਹੀਂ ਮੱਦਦ ਕਰਨ ਬਦਲੇ 2,50,000 ਰੁਪਏ ਰਿਸ਼ਵਤ ਲਈ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸਹੀ-ਵ-ਦੁਰਸਤ ਪਾਏ ਗਏ ਹਨ। ਇਸ ਉਪਰੰਤ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7-ਏ ਤਹਿਤ ਮਿਤੀ 28.03.2024 ਥਾਣਾ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਵਿਖੇ ਮੁਕੱਦਮਾ ਨੰਬਰ 16 ਦਰਜ ਕੀਤਾ ਗਿਆ ਹੈ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

**Grand Upholstery Ltd**
**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂੰਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# ਪ੍ਰਸਿੱਧ ਗੀਤਕਾਰ ਗਾਇਕ ਗਿੱਲ ਰੌਂਤਾ ਜ਼ਿਲ੍ਹਾ ਮੋਗਾ ਦਾ ਸਵੀਪ ਆਈਕਨ ਬਣਿਆ



ਮੋਗਾ, 1 ਅਪ੍ਰੈਲ (ਗਿਆਨ ਸਿੰਘ): ਮੁੱਖ ਚੋਣ ਕਮਿਸ਼ਨਰ ਪੰਜਾਬ ਵੱਲੋਂ ਅਗਾਮੀ ਲੋਕ ਸਭਾ ਚੋਣਾਂ ਵਿੱਚ ਲੋਕਾਂ ਦੀ ਭਾਗੀਦਾਰੀ ਵਧਾਉਣ ਲਈ ਪ੍ਰਸਿੱਧ ਪੰਜਾਬੀ ਗੀਤਕਾਰ ਗੁਰਵਿੰਦਰ ਸਿੰਘ ਗਿੱਲ ਰੌਂਤਾ ਨੂੰ ਅੱਜ ਸਵੀਪ ਆਈਕਨ ਵਜੋਂ ਨਿਯੁਕਤ ਕੀਤਾ ਗਿਆ ਹੈ। ਅੱਜ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਆਪਣੇ ਦਫ਼ਤਰ ਵਿੱਚ ਗਿੱਲ ਰੌਂਤਾ ਨੂੰ ਬੁਲਾ ਕੇ ਉਨ੍ਹਾਂ ਦੀ ਨਿਯੁਕਤੀ ਸਬੰਧੀ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਸਭ ਨੂੰ ਵੋਟ ਬਣਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ। ਇਸ ਸਮੇਂ ਸਹਾਇਕ ਕਮਿਸ਼ਨਰ (ਜਨਰਲ) ਕਮ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸ਼੍ਰੀਮਤੀ ਸ਼ੁਭੀ ਆਂਗਰਾ, ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਗੁਰਪ੍ਰੀਤ ਸਿੰਘ, ਹਲਕਾ ਮੋਗਾ ਸਵੀਪ ਨੋਡਲ ਅਫ਼ਸਰ ਅਮਨਦੀਪ ਗੋਸਵਾਮੀ ਆਦਿ ਹਾਜ਼ਰ ਸਨ।

ਦੱਸਣਯੋਗ ਹੈ ਕਿ ਗਿੱਲ ਰੌਂਤਾ ਦੇ ਨਾਂ ਨਾਲ ਮਸ਼ਹੂਰ ਗੁਰਵਿੰਦਰ ਇੱਕ ਬਹੁਤ ਹੀ ਮਸ਼ਹੂਰ ਗੀਤਕਾਰ ਹੋਣ ਦੇ ਨਾਲ-ਨਾਲ ਇੱਕ ਬਹੁਤ ਹੀ ਵਧੀਆ ਫਿਲਮ ਲੇਖਕ ਅਤੇ ਗਾਇਕ ਵੀ ਹੈ ਅਤੇ ਨੌਜਵਾਨਾਂ ਵਿੱਚ ਉਸਦਾ ਚੰਗਾ ਆਧਾਰ ਵੀ ਹੈ। ਉਨ੍ਹਾਂ ਦੀਆਂ ਲਿਖੀਆਂ ਦੋ ਫਿਲਮਾਂ ਵੀ ਰਿਲੀਜ਼ ਹੋ ਚੁੱਕੀਆਂ ਹਨ, ਜਿਨ੍ਹਾਂ ਨੂੰ ਲੋਕਾਂ ਨੇ ਸਰਾਹਿਆ ਹੈ। ਸੋਸ਼ਲ ਮੀਡੀਆ ਜਿਵੇਂ ਕਿ ਫੇਸਬੁੱਕ, ਇੰਸਟਾਗ੍ਰਾਮ ਆਦਿ 'ਤੇ ਉਸ ਦੇ ਪ੍ਰਸ਼ੰਸਕਾਂ ਦੀ ਵੱਡੀ ਸੂਚੀ ਹੈ। ਇਸ ਕਾਰਨ ਮੋਗਾ ਜ਼ਿਲ੍ਹੇ ਦੇ ਵੋਟਰਾਂ ਨੂੰ 1 ਜੂਨ ਨੂੰ ਆਉਣ ਵਾਲੀ ਵੋਟਿੰਗ ਵਾਲੇ ਦਿਨ ਆਪਣੀ ਵੋਟ ਪਾਉਣ ਲਈ ਪ੍ਰੇਰਿਤ ਕਰਨ ਲਈ ਉਨ੍ਹਾਂ ਨੂੰ ਜ਼ਿਲ੍ਹਾ ਸਵੀਪ ਆਈਕਨ ਬਣਾਇਆ ਗਿਆ ਹੈ।

ਇਸ ਮੌਕੇ ਗਿੱਲ ਰੌਂਤਾ ਨੇ ਖ਼ੁਦ ਨੂੰ ਮਿਲੀ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਉਸਦੀ ਕੋਸ਼ਿਸ਼ ਰਹੇਗੀ ਕਿ ਅਗਾਮੀ ਲੋਕ ਸਭਾ ਚੋਣਾਂ ਦੌਰਾਨ ਜ਼ਿਲ੍ਹਾ ਮੋਗਾ ਵਿੱਚ 70 ਫੀਸਦੀ ਤੋਂ ਵੱਧ ਵੋਟਿੰਗ ਕਰਵਾਈ ਜਾਵੇ। ਉਹ ਇਸ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਿਰਤੋੜ ਯਤਨ ਕਰਨਗੇ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਗਾਮੀ ਲੋਕ ਸਭਾ ਚੋਣਾਂ ਵਿੱਚ ਕਿਰਿਆਸ਼ੀਲ ਭੂਮਿਕਾ ਨਿਭਾਉਣ ਲਈ ਅੱਗੇ ਆਉਣ।

TechSpirit
Consultation, Installation & Servicing
Specialized in:
- Analog & IP security cameras
- Installation & Maintenance, Upgrade
- Video Doorbell Installation

Call: 905-621-4100
7-8770 The Gore Road, Brampton, ON L6P 0B1

1080p HD ਦੇ 4 ਸਿਕਿਉਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਲੋਕ ਸਭਾ ਚੋਣਾਂ-2024: ਪੰਜਾਬ ਪੁਲਿਸ, ਅਰਧ ਸੈਨਿਕ ਬਲਾਂ ਨੇ ਸੂਬੇ ਭਰ ਵਿਚ ਫਲੈਗ ਮਾਰਚ ਕੱਢਿਆ

## ਲੋਕ ਸਭਾ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣਾ ਯਕੀਨੀ ਬਣਾਏਗੀ ਪੰਜਾਬ ਪੁਲਿਸ



ਚੰਡੀਗੜ੍ਹ, 1 ਅਪ੍ਰੈਲ (ਪੋਸਟ ਬਿਊਰੋ): ਲੋਕ ਸਭਾ ਚੋਣਾਂ-2024 ਤੋਂ ਪਹਿਲਾਂ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ, ਪੰਜਾਬ ਪੁਲਿਸ ਨੇ ਸੋਮਵਾਰ ਨੂੰ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦੀਆਂ ਟੀਮਾਂ ਨਾਲ ਸੂਬੇ ਭਰ ਦੀਆਂ ਸਾਰੇ ਸੰਵੇਦਨਸ਼ੀਲ ਸਥਾਨਾਂ 'ਤੇ ਫਲੈਗ ਮਾਰਚ ਕੱਢਿਆ। ਦੱਸਣਯੋਗ ਹੈ ਕਿ ਪੰਜਾਬ ਵਿੱਚ ਆਮ ਚੋਣਾਂ ਵੋਟਾਂ ਦੇ ਆਖਰੀ ਪੜਾਅ ਵਿੱਚ 1 ਜੂਨ ਨੂੰ ਵੋਟਾਂ ਪੈਣਗੀਆਂ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ, ਸੀਪੀਜ਼/ਐਸਐਸਪੀਜ਼ ਦੀ ਅਗਵਾਈ ਵਿੱਚ ਪੁਲਿਸ ਟੀਮਾਂ ਨੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਫਲੈਗ ਮਾਰਚ ਕੱਢਿਆ। ਉਨ੍ਹਾਂ ਕਿਹਾ ਕਿ ਇਸ ਅਭਿਆਸ ਦਾ ਉਦੇਸ਼ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਪੁਲਿਸ ਮੁਲਾਜ਼ਮਾਂ ਨੂੰ ਤਿਆਰ ਕਰਨ ਦੇ ਨਾਲ-ਨਾਲ ਆਮ ਲੋਕਾਂ ਵਿੱਚ ਵਿਸ਼ਵਾਸ ਦੀ ਭਾਵਨਾ ਨੂੰ ਵਧਾਉਣਾ ਵੀ ਸੀ।

ਉਨ੍ਹਾਂ ਕਿਹਾ ਕਿ ਸੀਪੀਜ਼/ਐਸਐਸਪੀਜ਼ ਨੂੰ ਪਹਿਲਾਂ ਹੀ ਸੂਬੇ ਭਰ ਵਿੱਚ ਵਿਸ਼ੇਸ਼ ਨਾਕੇ ਲਗਾਉਣ ਅਤੇ ਗਸ਼ਤ ਕਰਨ ਵਾਲੀਆਂ ਪਾਰਟੀਆਂ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖਣ ਲਈ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਅਪਰਾਧੀਆਂ, ਨਸ਼ਾ ਅਤੇ ਗੈਰ-ਕਾਨੂੰਨੀ ਸ਼ਰਾਬ ਤਸਕਰਾਂ ਦੇ ਆਉਣ-ਜਾਣ 'ਤੇ ਰੋਕ ਲਗਾਉਣ ਲਈ ਸਰਹੱਦੀ ਜ਼ਿਲ੍ਹਿਆਂ ਦੇ ਐਸ.ਐਸ.ਪੀਜ਼ ਨੂੰ ਅੰਤਰਰਾਜੀ ਨਾਕੇ ਲਗਾ ਕੇ ਸਰਹੱਦਾਂ ਨੂੰ ਸੀਲ ਕਰਨ ਲਈ ਕਿਹਾ ਗਿਆ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਵੀ ਉਹਨਾਂ ਅਤੇ ਉਹਨਾਂ ਵਾਹਨਾਂ ਦੀ ਚੈਕਿੰਗ ਅਤੇ ਜਾਂਚ ਕੀਤੇ ਬਿਨਾਂ ਸੂਬੇ ਵਿੱਚ ਦਾਖਲ/ਬਾਹਰ ਨਾ ਜਾਣ ਦੇਣ ਲਈ ਨਿਰਦੇਸ਼ ਦਿੱਤੇ ਗਏ ਹਨ।

ਜ਼ਿਕਰਯੋਗ ਹੈ ਕਿ ਸੂਬੇ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਸੂਬੇ ਦੇ ਸਾਰੇ 217 ਐਂਟਰੀ/ਐਗਜ਼ਿਟ ਪੁਆਇੰਟਾਂ 'ਤੇ 57 ਸਥਾਈ, 149 ਅਸਥਾਈ ਅਤੇ ਆਧੁਨਿਕ ਯੰਤਰਾਂ ਵਾਲੇ 11 ਹਾਈਟੈੱਕ ਨਾਕਿਆਂ ਸਮੇਤ ਮਜ਼ਬੂਤ ਨਾਕਿਆਂ ਦੀ ਯੋਜਨਾ ਬਣਾਈ ਗਈ ਹੈ ਅਤੇ ਆਬਕਾਰੀ ਅਧਿਕਾਰੀਆਂ ਨੂੰ ਇਨ੍ਹਾਂ ਅੰਤਰ-ਰਾਜੀ ਨਾਕਿਆਂ ਦਾ ਹਿੱਸਾ ਬਣਨ ਲਈ ਆਦੇਸ਼ ਦਿੱਤੇ ਗਏ ਹਨ।

ਇਸ ਤੋਂ ਇਲਾਵਾ, ਸੂਬੇ ਦੇ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਖੇਤਰਾਂ 'ਤੇ ਦਬਦਬਾ ਬਣਾਉਣ ਲਈ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀਏਪੀਐਫ) ਦੀਆਂ 25 ਕੰਪਨੀਆਂ ਸੂਬੇ ਦੇ ਸੰਵੇਦਨਸ਼ੀਲ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੀਆਂ ਗਈਆਂ ਹਨ। ਇਹਨਾਂ 25 ਕੰਪਨੀਆਂ ਵਿੱਚ ਕੇਂਦਰੀ ਰਿਜ਼ਰਵਡ ਪੁਲਿਸ ਬਲਾਂ (ਸੀਆਰਪੀਐਫ) ਦੀਆਂ ਪੰਜ ਕੰਪਨੀਆਂ, ਸੀਮਾ ਸੁਰੱਖਿਆ ਬਲ (ਬੀਐਸਐਫ) ਦੀਆਂ 15 ਕੰਪਨੀਆਂ ਅਤੇ ਇੰਡੋ-ਤਿੱਬਤੀ ਬਾਰਡਰ ਪੁਲਿਸ (ਆਈਟੀਬੀਪੀ) ਦੀਆਂ ਪੰਜ ਕੰਪਨੀਆਂ ਸ਼ਾਮਲ ਹਨ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਅਸੀਂ ਸਰਹੱਦੀ ਸੂਬੇ ਵਿੱਚ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਚੋਣਾਂ ਕਰਵਾਉਣਾ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਦੀ ਬੇਮਿਸਾਲ ਪਰੰਪਰਾ ਨੂੰ ਕਾਇਮ ਰੱਖਾਂਗੇ।

ਉਨ੍ਹਾਂ ਕਿਹਾ ਕਿ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਆਦਰਸ਼ ਚੋਣ ਜ਼ਾਬਤੇ ਦੇ ਸਾਰੇ ਪਹਿਲੂਆਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਆਜ਼ਾਦ ਤੇ ਨਿਰਪੱਖ ਢੰਗ ਨਾਲ ਚੋਣਾਂ ਕਰਵਾਉਣ ਲਈ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੀਆਂ ਸਾਰੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਜ਼ਿਕਰਯੋਗ ਹੈ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਭਗੌੜੇ ਅਪਰਾਧੀਆਂ ਵਿਰੁੱਧ ਚੱਲ ਰਹੀ ਵਿਸ਼ੇਸ਼ ਮੁਹਿੰਮ ਦੌਰਾਨ, ਪੰਜਾਬ ਪੁਲਿਸ ਨੇ 416 ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

# ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਪਰਮਜੀਤ ਸਿੰਘ ਤੇ ਹੋਰਾਂ ਨੂੰ ਸੇਵਾਮੁਕਤ ਹੋਣ 'ਤੇ ਕੀਤਾ ਸਨਮਾਨਤ



ਅੰਮ੍ਰਿਤਸਰ, 1 ਅਪ੍ਰੈਲ (ਪੋਸਟ ਬਿਊਰੋ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅੱਜ ਸੇਵਾ ਮੁਕਤ ਹੋਏ ਮੀਤ ਸਕੱਤਰ ਪਰਮਜੀਤ ਸਿੰਘ, ਸੁਪਰਵਾਈਜ਼ਰ ਨਿਰੰਜਨ ਸਿੰਘ, ਸ/ਸੁਪਰਵਾਈਜ਼ਰ ਇੰਦਰਜੀਤ ਸਿੰਘ, ਗੁਰਦੁਆਰਾ ਇੰਸਪੈਕਟਰ ਲਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਸੁਪਰਵਾਈਜ਼ਰ ਸੁਖਦੇਵ ਸਿੰਘ ਤੁੜ ਤੇ ਕਾਰਪੇਂਟਰ ਸੁਖਦੇਵ ਸਿੰਘ ਨੂੰ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਗੁਰੂ ਘਰ ਦੀਆਂ ਸੇਵਾਵਾਂ ਵਿਚ ਡਿਊਟੀ ਮਿਲਣੀ ਵੱਡੇ ਭਾਗਾਂ ਦੀ ਗੱਲ ਹੈ, ਕਿਉਂਕਿ ਇਥੇ ਡਿਊਟੀ ਕਰਦਿਆਂ ਜਿਥੇ ਅਸੀਂ ਆਪਣਾ ਪਰਿਵਾਰਕ ਨਿਰਬਾਹ ਕਰਦੇ ਹਾਂ ਉਥੇ ਸਾਨੂੰ ਸੇਵਾ ਕਮਾਉਣ ਦਾ ਮੌਕਾ ਵੀ ਮਿਲਦਾ ਹੈ। ਉਨ੍ਹਾਂ ਸੇਵਾ ਮੁਕਤ ਹੋਏ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਦੀਆਂ ਗਤੀਵਿਧੀਆਂ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਸਹਿਯੋਗ ਕਰਦੇ ਰਹਿਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਬਲਵਿੰਦਰ ਸਿੰਘ ਕਾਹਲਵਾਂ, ਬਿਜੈ ਸਿੰਘ, ਪ੍ਰੀਤਪਾਲ ਸਿੰਘ, ਮੀਤ ਸਕੱਤਰ ਗੁਰਦਿਆਲ ਸਿੰਘ, ਕੁਲਦੀਪ ਸਿੰਘ ਰੋਡੇ, ਗੁਰ-ਚਰਨ ਸਿੰਘ ਕੋਹਾਲਾ, ਗੁਰਨਾਮ ਸਿੰਘ, ਬਲਵਿੰਦਰ ਸਿੰਘ ਖੈਰਾਬਾਦ, ਜਸਵਿੰਦਰ ਸਿੰਘ ਜੱਸੀ, ਸ਼ਾਹਬਾਜ਼ ਸਿੰਘ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

# ਗੁਰਮਤਿ ਸਮਾਗਮਾਂ ਸਬੰਧੀ ਭਾਈ ਅਜਾਇਬ ਸਿੰਘ ਨੇ ਪ੍ਰਚਾਰਕ ਸਿੰਘਾਂ ਨਾਲ ਕੀਤੀ ਇਕੱਤਰਤਾ



ਅੰਮ੍ਰਿਤਸਰ, 1 ਅਪ੍ਰੈਲ (ਪੋਸਟ ਬਿਊਰੋ): ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਹਲਕੇ ਵਿਚ ਗੁਰਮਤਿ ਸਮਾਗਮ ਉਲੀਕਣ ਲਈ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਪ੍ਰਚਾਰਕ ਸਿੰਘਾਂ ਨਾਲ ਮੀਟਿੰਗ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤਿ ਦਿਵਸ ਸਤੰਬਰ ਮਹੀਨੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵੱਡੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸ ਨੂੰ ਸਮਰਪਤ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਕੇ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਪ੍ਰੋਗਰਾਮ ਉਲੀਕਿਆ ਗਿਆ ਹੈ।

ਭਾਈ ਅਭਿਆਸੀ ਨੇ ਕਿਹਾ ਕਿ ਇਸ ਸਬੰਧ ਵਿਚ ਪ੍ਰਚਾਰਕ ਸਿੰਘਾਂ ਨਾਲ ਵਿਚਾਰ ਚਰਚਾ ਕਰਕੇ ਪ੍ਰੋਗਰਾਮ ਦੀ ਵਿਉਂਤਬੰਦੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰਚਾਰਕ ਜਥਿਆਂ ਦੇ ਰੂਪ ਵਿਚ ਸੰਗਤਾਂ ਤੱਕ ਪਹੁੰਚ ਕਰਕੇ ਗੁਰਬਾਣੀ, ਸਿੱਖ ਸਿਧਾਂਤਾਂ, ਇਤਿਹਾਸ ਸਬੰਧੀ ਪ੍ਰਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਪ੍ਰਚਾਰਕ ਜਥੇ ਸੰਗਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਬਣ ਰਹੀਆਂ ਵੋਟਾਂ ਬਣਾਉਣ ਲਈ ਵੀ ਪ੍ਰੇਰਣਾ ਕਰਨਗੇ। ਇਸ ਮੌਕੇ ਪ੍ਰਚਾਰਕ ਭਾਈ ਇੰਦਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਸਤਵੰਤ ਸਿੰਘ, ਸ. ਮਲਕੀਤ ਸਿੰਘ ਸਖੀਰਾ ਤੇ ਬੀਬੀ ਅਮਨਦੀਪ ਕੌਰ ਮੌਜੂਦ ਸਨ।

# ਬੰਦੀ ਸਿੰਘ ਭਾਈ ਗੁਰਮੀਤ ਸਿੰਘ ਦੀ ਪੱਕੀ ਜ਼ਮਾਨਤ ਰੱਦ ਕਰਨਾ ਮੰਦਭਾਗਾ : ਐਡਵੋਕੇਟ ਧਾਮੀ



ਅੰਮ੍ਰਿਤਸਰ, 1 ਅਪ੍ਰੈਲ (ਪੋਸਟ ਬਿਊਰੋ): ਕਰੀਬ ਤਿੰਨ ਦਹਾਕੇ ਜੇਲ੍ਹ ਵਿਚ ਨਜ਼ਰਬੰਦ ਰਹੇ ਭਾਈ ਗੁਰਮੀਤ ਸਿੰਘ ਨੂੰ ਮਿਲੀ ਪੱਕੀ ਜ਼ਮਾਨਤ ਰੱਦ ਕਰਨਾ ਬੇਹੱਦ ਮੰਦਭਾਗਾ ਹੈ। ਇਹ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁ-ਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਕ ਪਾਸੇ ਸਿੱਖ ਕੌਮ ਸਮੁੱਚੇ ਬੰਦੀ ਸਿੰਘਾਂ ਦੀ ਰਿਹਾਈ ਮੰਗ ਰਹੀ ਹੈ, ਜਦਕਿ ਦੂਜੇ ਪਾਸੇ ਪਹਿਲਾਂ ਤੋਂ ਪੱਕੀ ਜ਼ਮਾਨਤ 'ਤੇ ਆਏ ਸਿੰਘਾਂ ਦੀਆਂ ਜ਼ਮਾਨਤਾਂ ਰੱਦ ਕਰਕੇ ਹੋਰ ਧੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਇੰਜ ਲਗਦਾ ਹੈ ਜਿਵੇਂ ਸਰਕਾਰਾਂ ਜਾਣਬੁਝ ਕੇ ਸਿੱਖ ਮਸਲਿਆਂ ਨੂੰ ਉਲਝਾਈ ਰੱਖ ਕੇ ਆਪਣੇ ਰਾਜਸੀ ਹਿੱਤ ਪੂਰੇ ਕਰਨਾ ਚਾਹੁੰਦੀਆਂ ਹਨ। ਐਡਵੋਕੇਟ ਧਾਮੀ ਨੇ ਸਰਕਾਰਾਂ ਨੂੰ ਇਸ ਮਾਮਲੇ ਵਿਚ ਮਨੁੱਖੀ ਅਧਿਕਾਰਾਂ ਦੀ ਅਣਦੇਖੀ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਸਾਫ਼ ਤੌਰ 'ਤੇ ਕਿਹਾ ਕਿ ਮਨੁੱਖੀ ਹੱਕਾਂ, ਹਕੂਕਾਂ ਦੇ ਵਿਰੁੱਧ ਸਰਕਾਰਾਂ ਅਤੇ ਪ੍ਰਸ਼ਾਸਨ ਦੀ ਕਾਰਜਸ਼ੈਲੀ ਸਮਾਜ ਲਈ ਠੀਕ ਨਹੀਂ ਹੈ। ਜੇਕਰ ਸਰਕਾਰਾਂ ਇਸੇ ਨੀਤੀ 'ਤੇ ਚੱਲਦੀਆਂ ਰਹੀਆਂ ਤਾਂ ਦੇਸ਼ ਦੇ ਸੰਵਿਧਾਨ ਅਤੇ ਸਰਕਾਰਾਂ ਤੋਂ ਲੋਕਾਂ ਦਾ ਭਰੋਸਾ ਉਠਣਾ ਦੂਰ ਨਹੀਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਭਾਈ ਗੁਰਮੀਤ ਸਿੰਘ ਦੀ ਸ਼ਖ਼ਸੀਅਤ ਅਤੇ ਚਾਲ-ਚਲਣ ਚੰਗਾ ਹੋਣ ਦੇ ਬਾਵਜੂਦ ਵੀ ਉਨ੍ਹਾਂ ਨੂੰ ਪੱਕੀ ਜ਼ਮਾਨਤ ਰੱਦ ਕਰਕੇ ਮੁੜ ਜੇਲ੍ਹ ਭੇਜਣਾ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰਦਾ ਹੈ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਈ ਗੁਰਮੀਤ ਸਿੰਘ ਇੰਜੀਨੀਅਰ ਦੀ ਜ਼ਮਾਨਤ ਰੱਦ ਕੀਤੇ ਜਾਣ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਹਰ ਪੱਧਰ ਦੇ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਉਂਦਿਆਂ ਕਿਹਾ ਕਿ ਸਿੱਖ ਸੰਸਥਾ ਪਹਿਲਾਂ ਵੀ ਬੰਦੀ ਸਿੰਘਾਂ ਦੇ ਮਾਮਲੇ ਵਿਚ ਕਦੇ ਖ਼ਾਮੋਸ਼ ਨਹੀਂ ਰਹੀ ਅਤੇ ਭਵਿੱਖ ਵਿਚ ਵੀ ਬੰਦੀ ਸਿੰਘਾਂ ਦੇ ਹੱਕ ਵਿਚ ਯਤਨ ਜਾਰੀ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਭਾਈ ਗੁਰਮੀਤ ਸਿੰਘ ਦੇ ਪਰਿਵਾਰ ਨਾਲ ਸੰਪਰਕ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਹਰ ਲੋੜੀਂਦਾ ਸਹਿਯੋਗ ਕੀਤਾ ਜਾਵੇਗਾ।

# ਪੰਜਾਬ ਦੀ ਖ਼ੁਸ਼ਹਾਲੀ ਅਤੇ ਵਿਕਾਸ ਲਈ ਉਹ ਹਰ ਮੁਮਕਿਨ ਕੋਸ਼ਿਸ਼ ਕਰਾਂਗਾ, ਜਿਸ ਦੀ ਸ਼ੁਰੂਆਤ ਅੰਮ੍ਰਿਤਸਰ ਤੋਂ ਕੀਤੀ ਜਾਵੇਗੀ : ਤਰਨਜੀਤ ਸਿੰਘ ਸੰਧੂ

## ਕਿਹਾ, ਮੈਂ ਆਪਣੇ ਦਾਦਾ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਅਤੇ ਪਿਤਾ ਬਿਸ਼ਨ ਸਿੰਘ ਸਮੁੰਦਰੀ ਦੀ ਤਰਾਂ ਹੀ ਆਪਣੀ ਮਿੱਟੀ ਦੀ ਸੇਵਾ ਕਰਨ ਦਾ ਜਜ਼ਬਾ ਰੱਖਦਾ ਹਾਂ




ਅੰਮ੍ਰਿਤਸਰ, 1 ਅਪ੍ਰੈਲ (ਗਿਆਨ ਸਿੰਘ): ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਪੰਜਾਬ ਦੀ ਖ਼ੁਸ਼ਹਾਲੀ ਅਤੇ ਵਿਕਾਸ ਲਈ ਉਹ ਹਰ ਮੁਮਕਿਨ ਕੋਸ਼ਿਸ਼ ਕਰਨਗੇ, ਜਿਸ ਦੀ ਸ਼ੁਰੂਆਤ ਅੰਮ੍ਰਿਤਸਰ ਤੋਂ ਕੀਤੀ ਜਾਵੇਗੀ।

ਸਰਦਾਰ ਸੰਧੂ ਨੇ 'ਸਮੁੰਦਰੀ ਹਾਊਸ' ਵਿਖੇ ਅੱਜ ਇਕ ਪ੍ਰੈੱਸ ਮਿਲਣੀ ਦੌਰਾਨ ਕਿਹਾ ਕਿ ਉਹ ਵੀ ਆਪਣੇ ਦਾਦਾ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਅਤੇ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਦੀ ਤਰਾਂ ਹੀ ਆਪਣੀ ਮਿੱਟੀ ਦੀ ਸੇਵਾ ਕਰਨ ਦਾ ਜਜ਼ਬਾ ਰੱਖਦੇ ਹਨ। ਉਨ੍ਹਾਂ ਅੰਮ੍ਰਿਤਸਰ ਨੂੰ ਮੁੜ 7 ਦਹਾਕੇ ਪਹਿਲਾਂ ਵਾਲਾ ਰੁਤਬਾ ਦਿਵਾਉਣ ਲਈ ਸ਼ਹਿਰ ਵਾਸੀਆਂ ਤੋਂ ਸਹਿਯੋਗ ਮੰਗਿਆ ਹੈ। ਉਨ੍ਹਾਂ ਕਿਹਾ ਕਿ ਅਜ਼ਾਦੀ ਹਾਸਲ ਕਰਨ ਸਮੇਂ ਅੰਮ੍ਰਿਤਸਰ ਹਰ ਪੱਖੋਂ ਦੇਸ਼ ਦੇ 10 ਚੁਣਵੇਂ ਸ਼ਹਿਰਾਂ 'ਚ ਆਉਂਦਾ ਸੀ, ਪਰ ਅੱਜ ਸ਼ਹਿਰ ਦੀ ਹਾਲਤ ਕਿਸੇ ਤੋਂ ਓਹਲਾ ਨਹੀਂ ਰਿਹਾ। ਉਨ੍ਹਾਂ ਕਿਹਾ ਉਹ ਕਿਸੇ ਵੀ ਦੂਸ਼ਣਬਾਜ਼ੀ ਦੀ ਸਿਆਸਤ 'ਚ ਪੈਣਾ ਨਹੀਂ ਚਾਹੁੰਦਾ ਫਿਰ ਵੀ ਸਵਾਲ ਪੈਦਾ ਹੁੰਦਾ ਹੈ ਕਿ ਪਿਛਲੇ 7 ਸ਼ਾਲਾਂ ਤੋਂ ਇਥੋਂ ਦੀ ਨੁਮਾਇੰਦਗੀ ਕਰਨ ਵਾਲਿਆਂ ਨੇ ਸ਼ਹਿਰ ਲਈ ਕੀ ਕੀਤਾ? ਉਨ੍ਹਾਂ ਪੱਤਰਕਾਰ ਭਾਈਚਾਰੇ ਨੂੰ ਮੁਖ਼ਾਤਬ ਹੁੰਦਿਆਂ ਕਿਹਾ ਕਿ ਪ੍ਰੈੱਸ ਇਕ ਇਕ ਬਹੁਤ ਵੱਡੀ ਤਾਕਤ ਹੈ, ਮੈਂ ਤੁਹਾਡੇ ਜਰੀਏ ਲੋਕਾਂ ਨੂੰ ਇਹ ਸੁਨੇਹਾ ਦੇਣਾ ਚਾਹੁੰਦਾ ਹਾਂ ਕਿ ਹੁਣ ਵਿਕਾਸਮੁਖੀ ਤੇ ਉਸਾਰੂ ਸਿਆਸਤ ਕਰਨ ਦੀ ਲੋੜ ਹੈ। ਉਸ ਵਿਅਕਤੀ ਨੂੰ ਪਾਰਲੀਮੈਂਟ ਵਿਚ ਭੇਜਿਆ ਜਾਣਾ ਚਾਹੀਦਾ ਹੈ ਜੋ ਤੁਹਾਡੇ ਲਈ ਕੰਮ ਕਰੇ। ਸ਼ਹਿਰ ਦੀ ਹਾਲਾਤ ਸੁਧਾਰਨ 'ਚ ਆਪਣੀ ਸਮਰੱਥਾ ਦਾ ਪ੍ਰਯੋਗ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗੁਰੂ ਸਾਹਿਬਾਨ ਅਤੇ ਸਿੱਖ ਭਾਈਚਾਰੇ ਪ੍ਰਤੀ ਬਹੁਤ ਸ਼ਰਧਾ ਤੇ ਸਤਿਕਾਰ ਰੱਖਦੇ ਹਨ, ਮੈਂ ਉਹਨਾਂ ਤੋਂ ਸ਼ਹਿਰ ਨੂੰ ਇੰਦੌਰ ਦੀ ਤਰਾਂ ਸਾਫ਼ ਅਤੇ ਸੁੰਦਰ ਬਣਾਉਣ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ।

ਸਰਦਾਰ ਸੰਧੂ ਨੇ ਕਿਹਾ ਕਿ ਗੁਰੂ ਨਗਰੀ ਅੰਮ੍ਰਿਤਸਰ ਨਾਲ ਮੇਰੀਆਂ ਵੀ ਤੁਹਾਡੇ ਵਾਂਗ ਭਾਵਨਾਵਾਂ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇੱਥੋਂ ਦੀ ਸਨਅਤ ਕਿਸੇ ਸਮੇਂ ਦੇਸ਼ ਦੀਆਂ ਪਹਿਲੇ ਦਰਜੇ ਦੀਆਂ ਸਨਅਤਾਂ 'ਚ ਸ਼ੁਮਾਰ ਸੀ, ਪਰ ਮੈਂ ਪਿੱਛੇ ਦੀ ਨਹੀਂ ਅੱਗੇ ਭਵਿਖ ਦੀ ਗਲ ਕਰਾਂਗਾ, ਉਨ੍ਹਾਂ ਕਿਹਾ ਕਿ ਸਨਅਤਕਾਰਾਂ ਦੀਆਂ ਸਮੱਸਿਆਵਾਂ ਨੂੰ ਜ਼ਰੂਰ ਹੱਲ ਕਰਾਇਆ ਜਾਵੇਗਾ, ਉਥੇ ਹੀ ਆਪਣੇ ਕਾਰੋਬਾਰ ਨੂੰ ਵਧਾਉਣ ਲਈ ਮੌਕੇ ਵੀ ਦਿਵਾਏ ਜਾਣਗੇ। ਉਨ੍ਹਾਂ ਕਿਹਾ ਕਿ ਤਿਆਰ ਵਸਤਾਂ ਅਤੇ ਖੇਤੀ ਨਾਲ ਸੰਬੰਧਿਤ ਫਲ਼ ਅਤੇ ਸਬਜ਼ੀਆਂ ਨੂੰ ਅੰਮ੍ਰਿਤਸਰ ਤੋਂ ਏਅਰ ਕਾਰਗੋ ਰਾਹੀਂ ਖਾੜੀ, ਯੂਰਪ ਅਤੇ ਅਮਰੀਕਾ ਭੇਜੀਆਂ ਜਾ ਸਕਦੀਆਂ। ਅੰਤਰਰਾਸ਼ਟਰੀ ਅਟਾਰੀ ਬਾਡਰ ਖੁਲ੍ਹਵਾਉਣ ਦਾ ਏਜੰਡਾ ਵੀ ਰੱਖਦਾ ਹਾਂ ਉੱਥੇ ਹੀ ਪੱਟੀ ਤੋਂ ਗੁਜਰਾਤ ਰਾਹੀ ਖਾੜੀ ਅਤੇ ਪੱਛਮ ਨਾਲ ਜੋੜਨ ਵਲ ਮੇਰਾ ਫੋਕਸ ਹੈ। ਇਹ ਸਭ ਬਹੁਤ ਜਲਦ ਹੋਵ-ਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੀ ਵਿਦੇਸ਼ਾਂ ਨਾਲ ਏਅਰ ਕੁਨੈਕਟੀਵਿਟੀ ਹਰ ਹਾਲ ਵਿਚ ਵਧਾਈ ਜਾਵੇਗੀ। ਜਿਸ ਨਾਲ ਏਅਰ ਟਰੈਫ਼ਿਕ ਨੂੰ ਦਿਲੀ ਤੋਂ ਅੰਮ੍ਰਿਤਸਰ ਬਦਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਧਾਰਮਿਕ ਟੂਰਿਸਟ ਨੂੰ ਟੂਰਿਜ਼ਮ ਸਨਅਤ 'ਚ ਬਦਲਣ, ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤੀ ਪ੍ਰਦਾਨ ਕਰਨ ਲਈ ਕੰਮ ਕੀਤੇ ਜਾਣਗੇ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬਾਨ ਦੇ ਦੱਸੇ ਮਾਰਗ 'ਤੇ ਚੱਲ ਕੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਸੰਕਲਪ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਅਜਿਹਾ ਪ੍ਰਬੰਧ ਕਰਾਂਗੇ ਕਿ ਕੋਈ ਵੀ ਬੇਰੁ-ਜ਼ਗਾਰ ਨਾ ਰਹੇ। ਬਾਹਰੀ ਉਮੀਦਵਾਰ ਹੋਣ ਬਾਰੇ ਵਿਰੋਧੀਆਂ ਵੱਲੋਂ ਕੀਤੀ ਜਾ ਰਹੀ ਦੂਸ਼ਣਬਾਜ਼ੀ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਜਿਸ ਸਮੁੰਦਰੀ ਹਾਊਸ ਵਿਚ ਅੱਜ ਪ੍ਰੈੱਸ ਮਿਲਣੀ ਹੋ ਰਹੀ ਹੈ ਇਹ ਉਨ੍ਹਾਂ ਦੇ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਵੱਲੋਂ 5 ਦਹਾਕੇ ਪਹਿਲਾਂ ਦਾ ਉਸਾਰਿਆ ਹੋਇਆ ਹੈ। ਉਸ ਦਾ ਬਚਪਨ ਅਤੇ ਜਵਾਨੀ ਦੇ ਦਿਨ ਇਥੋਂ ਹੀ ਸ਼ੁਰੂ ਹੋਏ। ਉਹਨਾਂ ਨੂੰ ਜਦੋਂ ਸਰਕਾਰੀ ਨੌਕਰੀ ਮਿਲੀ ਤਾਂ ਜਿੱਥੇ ਸਰਕਾਰ ਜਾਵੇ ਉੱਥੇ ਹੀ ਡਿਊਟੀ ਦੇਣ ਜਾਣਾ ਪਿਆ। ਇਕ ਫ਼ੌਜੀ ਆਪਣੀ ਸਰਵਿਸ ਪੂਰੀ ਕਰਨ ਤੋਂ ਬਾਅਦ ਆਪਣੇ ਪਿੰਡ ਵਾਪਸ ਆਉਂਦਾ ਹੈ ਤਾਂ ਕੀ ਉਹ ਬਾਹਰ ਦਾ ਹੋ ਜਾਂਦਾ ਹੈ? ਉਨ੍ਹਾਂ ਕਿਹਾ ਕਿ ਲੋਕ ਉਸ ਦਾ ਸਾਥ ਦੇ ਰਹੇ ਹਨ, ਜਿਸ ਕਾਰਨ ਬੌਖਲਾਹਟ 'ਚ ਵਿਰੋਧੀਆਂ ਕੋਲ ਉਸ ਖਿਲਾਫ ਬੋਲਣ ਲਈ ਕੁਝ ਨਹੀਂ ਹਨ ਤਾਂ ਹੀ ਉਹ ਲੋਕਾਂ ਨੂੰ ਗੁਮਰਾਹ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਨ। ਸਰਦਾਰ ਸੰਧੂ ਨੇ ਕਿਹਾ ਕਿ ਮੈਂ ਮਾਣ ਮਹਿਸੂਸ ਕਰਦਾ ਹਾਂ ਕਿ ਮੈਨੂੰ ਭਾਰਤ ਦੀ ਸੇਵਾ ਅਤੇ ਸਿੱਖੀ ਦੀ ਦਸਤਾਰ ਨੂੰ ਦੇਸ਼ ਵਿਦੇਸ਼ ਵਿਚ ਸਨਮਾਨ ਦਿਵਾਉਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ-ਅਮਰੀਕਾ ਸਬੰਧਾਂ ਨੇ ਇੱਕ ਮਜ਼ਬੂਤ ਭਾਈਵਾਲੀ ਦਾ ਰੂਪ ਧਾਰ ਲਿਆ ਹੈ, ਜਿਸ ਦਾ ਮੁੱਖ ਕਾਰਨ ਭਾਰਤ ਵਿੱਚ ਸਿਆਸੀ ਸਥਿਰਤਾ, ਮਜ਼ਬੂਤ ਲੀਡਰਸ਼ਿਪ ਅਤੇ ਆਬਾਦੀ ਤੇ ਨੌਜਵਾਨ ਸ਼ਕਤੀ ਹੈ। ਭਾਰਤ ਪ੍ਰਤੀ ਅਮਰੀਕੀ ਲੀਡਰਸ਼ਿਪ ਦਾ ਨਜ਼ਰੀਆ ਬਦਲ ਚੁੱਕਾ ਹੈ, ਦੋਵੇਂ ਦੇਸ਼ ਪੁਲਾੜ, ਸਿਹਤ ਸੇਵਾਵਾਂ, ਟੈਕਨਾਲੋਜੀ ਅਤੇ ਫ਼ੌਜੀ ਸਾਜੋ ਸਮਾਨ ਤੱਕ 'ਚ ਸਹਿਯੋਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਦੀ ਤਰੱਕੀ ਨੂੰ ਦੁਨੀਆ ਦੇ ਸਭ ਤੋਂ ਵਿਕਸਤ ਦੇਸ਼ ਨੇ ਮਾਨਤਾ ਦਿੱਤੀ ਹੈ ਤਾਂ ਭਾਰਤ ਨੇ ਯਕੀਨੀ ਤੌਰ 'ਤੇ ਆਪਣੇ ਆਪ ਨੂੰ ਇੱਕ ਵਿਸ਼ਵ ਸ਼ਕਤੀ ਵਜੋਂ ਸਥਾਪਿਤ ਕੀਤਾ ਹੈ। ਇਹ ਤੈਅ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ। ਇਸ ਵਿੱਚ ਸਭ ਤੋਂ ਵੱਡੀ ਤਾਕਤ ਸਾਡੀ ਨੌਜਵਾਨਾਂ ਅਬਾਦੀ ਹਨ। ਅੱਜ ਸਾਰੇ ਯੂਰਪੀ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ। ਭਾਰਤ ਦੇ 1.40 ਕਰੋੜ ਲੋਕਾਂ ਵਿੱਚੋਂ 50% ਤੋਂ ਵੱਧ ਨੌਜਵਾਨ ਹਨ।

ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਆਪਣੇ ਅੰਮ੍ਰਿਤਸਰ ਅਤੇ ਪੰਜਾਬ ਨੂੰ ਵੀ ਖ਼ੁਸ਼ਹਾਲ ਅਤੇ ਬੁਲੰਦੀਆਂ 'ਤੇ ਲੈ ਕੇ ਜਾਣਾ ਹੈ। ਪੰਜਾਬੀ ਨੌਜਵਾਨਾਂ ਵਿੱਚ ਸਮਰੱਥਾ ਹੈ, ਉਨ੍ਹਾਂ ਦੀ ਸੋਚ ਬਦਲਣ ਅਤੇ ਉਨ੍ਹਾਂ ਨੂੰ ਸੇਧ ਦੇਣ ਦੀ ਲੋੜ ਹੈ। ਅੰਮ੍ਰਿਤਸਰ ਦੇ ਰਾਜਾਸਾਂਸੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕਾਰਗੋ ਸਹੂਲਤ ਦੀ ਵਰਤੋਂ ਕਰਨੀ ਪਵੇਗੀ। ਅਮਰੀਕਾ ਵਿਚ ਹਵਾਈ ਜਹਾਜ਼ਾਂ ਦਾ ਬਾਲਣ ਅਤੇ ਸੜਕਾਂ ਬਣਾਉਣ ਲਈ ਪਰਾਲੀ ਦੀ ਵਰਤੋਂ ਕੀਤੀ ਜਾ ਰਹੀ ਹੈ। ਯੂਰਪ 'ਚ ਪਰਾਲੀ ਦੀ ਵਰਤੋਂ ਲੁਕ ਦੀ ਥਾਂ ਕੀਤੀ ਜਾ ਰਹੀ ਹੈ। ਅੱਜ ਉਹ ਸਮਾਂ ਆ ਗਿਆ ਹੈ ਜਦੋਂ ਭਾਰਤੀ ਵਿਦੇਸ਼ਾਂ ਤੋਂ ਆਪਣੀ ਮਾਤ ਭੂਮੀ ਨੂੰ ਪਰਤਣਗੇ। ਸਾਨੂੰ ਆਪਣੀ ਸਿੱਖਿਆ ਵਿੱਚ ਹੁਨਰ ਨੂੰ ਪਹਿਲ ਦੇਣੀ ਹੋਵੇਗੀ। ਨੌਜਵਾਨਾਂ ਨੂੰ ਸੁਚੇਤ ਕਰਨ ਦੀ ਲੋੜ ਹੈ ਕਿ ਬਾਹਰ ਜਾਣ ਦੀ ਇਹ ਕਾਹਲੀ ਜਲਦੀ ਖ਼ਤਮ ਹੋਣ ਵਾਲੀ ਹੈ। ਕਿਉਂਕਿ ਭਾਰਤੀ ਅਰਥਵਿਵਸਥਾ ਇੱਕ ਬੇਮਿਸਾਲ ਅਤੇ ਕ੍ਰਾਂਤੀਕਾਰੀ ਸਕਾਰਾਤਮਿਕ ਪੜਾਅ ਵਿੱਚ ਹੈ। ਸਿਰਫ਼ ਮਜ਼ਬੂਤ ਲੀਡਰਸ਼ਿਪ, ਦ੍ਰਿੜ੍ਹ ਇਰਾਦੇ, ਜਾਗਰੂਕਤਾ,ਅਤੇ ਸਿੱਖਿਆ 'ਚ ਤਬਦੀਲੀ ਲਿਆਉਣ ਦੀ ਲੋੜ ਹੈ। ਇਸ ਮੌਕੇ ਪੱਤਰਕਾਰ ਭਾਈਚਾਰੇ ਵੱਲੋਂ ਸਰਦਾਰ ਸੰਧੂ ਦੇ ਅੰਮ੍ਰਿਤਸਰ ਦੇ ਵਿਕਾਸ ਦੇ ਏਜੰਡੇ ਨੂੰ ਸਲਾਹਿਆ।






The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
The Mortgage Centre -4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call JAG AUJLA Dir 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES



Asian Food Centre
WE'RE HERE TO SERVE ONLY THE BEST PRODUCTS FOR YOU.
FRESH
FRUITS & VEGETABLES
Healthy & fresh grocery
Variety of Indian Sweets Available
OPEN NOW
340 Woodlawn RD Guelph, N1H 7K6
ETOBICOKE
10 Westmore Dr. 416-740-3262 MEAT SHOP AVAILABLE
MISSISSAUGA
1075 Ceremonial Dr 905-502-1600 MEAT SHOP AVAILABLE
BRAMPTON
621 Wanless Dr. 905-495-3336 MEAT SHOP AVAILABLE
BRAMPTON
2120 N Park Dr. 905-793-1338 MEAT SHOP AVAILABLE
BRAMPTON
80 Pertosa Dr. 905-460-0009
TOLL FREE 1-800-708-9232
BRAMPTON
40 Airport RD & Lacoste Blvd. 905-794-8109 MEAT SHOP AVAILABLE
BRAMPTON
10510 Torbram Rd. 905-790-0030
BRAMPTON
10 Pannahill Dr. 905-913-8017 MEAT SHOP AVAILABLE
GUELPH
340 Woodlawn Rd W 226-669-0004
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media